Roll No. ..................

Total No. of Questions : 9]

# 002/B

[Total No. of Printed Pages : 4

SS

2320

ਸਲਾਨਾ ਪਰੀਖਿਆ ਪ੍ਰਨਾਲੀ

## GENERAL PUNJABI

**(Common for All Groups and Vocational Stream)**

**(Evening Session)**

Time allowed : Three hours

Maximum marks : 65

*ਨੋਟ : (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ **002/B** ਜ਼ਰੂਰ ਦਰਜ ਕਰੋ ਜੀ ।*

*(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 30 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।*

*(iii) ਉੱਤਰ-ਪੱਤਰੀ ਵਿੱਚ, ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।*

*(iv) ਸਾਰੇ ਪ੍ਰਸ਼ਨ ਜ਼ਰੂਰੀ ਹਨ ।*

*(v) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।*

1. ਵਸਤੂਨਿਸ਼ਠ ਪ੍ਰਸ਼ਨ :

ਸਾਰੇ ਪ੍ਰਸ਼ਨ ਜ਼ਰੂਰੀ ਹਨ । ਹਰੇਕ ਪ੍ਰਸ਼ਨ 1 ਅੰਕ ਦਾ ਹੈ ।

(ੳ) ਖ਼ਾਲੀ ਥਾਂ ਭਰੋ :

ਲੋਕ-ਕਿੱਤੇ ਵਿੱਚ ਉਸ ਨੂੰ ................ ਮੰਨਿਆ ਜਾਂਦਾ ਹੈ, ਜੋ ਆਪਣੇ ਕੰਮ ਵਿੱਚ ਨਿਪੁੰਨ ਅਤੇ ਕਾਰੀਗਰ ਹੋਵੇ । 1

(ਅ) ਪੰਜਾਬੀ ਜੁਆਨਾਂ ਦੀ ਮਨਪਸੰਦ ਖੇਡ ਕਿਹੜੀ ਹੈ ? 1

(ੲ) ਨਵੀਂ ਪੀੜ੍ਹੀ ਕਿਹੜੇ ਸਾਧਨਾਂ ਦੀ ਖੁੱਲ੍ਹ ਕੇ ਵਰਤੋਂ ਕਰ ਰਹੀ ਹੈ ? 1

(ਸ) 'ਤਾਜ ਮਹਲ' ਕਵਿਤਾ ਦਾ ਕਵੀ ਕੌਣ ਹੈ ? 1

(ਹ) 'ਨੀਲੀ' ਕਹਾਣੀ ਵਿੱਚ 'ਮੈਂ-ਪਾਤਰ' ਕੌਣ ਹੈ ? 1

(ਕ) ਹੇਠ ਲਿਖੀ ਅਧੂਰੀ ਅਖਾਉਤ ਨੂੰ ਪੂਰਾ ਕਰੋ :

................ ਘੁੰਮਰ-ਘੁੰਮਰ ਫਿਰੇ ਮਧਾਣੀ 1

(ਖ) ਹੇਠ ਲਿਖੀ ਅਧੂਰੀ ਅਖਾਉਤ ਨੂੰ ਪੂਰਾ ਕਰੋ :

ਤੂੰ ਮੇਰਾ ਮੁੰਡਾ ਖਿਡਾ, ................ । 1

(ਗ) ਡਾ. ਐੱਸ. ਐੱਸ ਵਣਜਾਰਾ ਬੇਦੀ ਦਾ ਲਿਖਿਆ ਕਿਹੜਾ ਲੇਖ 'ਲਾਜ਼ਮੀ ਪੰਜਾਬੀ-12' ਪਾਠ-ਪੁਸਤਕ ਵਿੱਚ ਸ਼ਾਮਲ ਹੈ ? 1

(ਘ) ਹਿਮਾਚਲ ਅਤੇ ਹਰਿਆਣਾ ਰਾਜ 1 ਨਵੰਬਰ, 1969 ਨੂੰ ਹੋਂਦ ਵਿੱਚ ਆਏ । (ਠੀਕ/ਗਲਤ) 1

(ਙ) ਮੁਢਲਾ ਮਨੁੱਖ ਸਾਰੇ ਸੰਸਕਾਰਾਂ ਦਾ ਅਰੰਭ ਕਰਨ ਸਮੇਂ ਦੈਵੀ ਤਾਕਤਾਂ ਨੂੰ ਕਿਉਂ ਰਿਝਾਉਂਦਾ ਸੀ ?

(i) ਭੈਅ ਕਾਰਨ (ii) ਪਿਆਰ ਕਾਰਨ

(iii) ਮੋਹ ਕਾਰਨ (iv) ਲਾਲਚ ਕਾਰਨ 1

10×1=10

**2.** ਹੇਠ ਲਿਖਿਆਂ ਵਿੱਚੋਂ ਕਿਸੇ **ਪੰਜ** ਪ੍ਰਸ਼ਨਾਂ ਦੇ ਉੱਤਰ ਲਿਖੋ :

(ੳ) ਪੰਜਾਬ ਵਿੱਚ ਜੀਵ ਦੇ ਜਨਮ ਨਾਲ ਸੰਬੰਧਿਤ ਕਿਹੜੇ-ਕਿਹੜੇ ਰਸਮ-ਰਿਵਾਜ ਹਨ ? 4

(ਅ) ਲੋਕ-ਖੇਡਾਂ ਮਨੁੱਖ ਨੂੰ ਕਿਹੜੀਆਂ-ਕਿਹੜੀਆਂ ਭਾਵਨਾਵਾਂ ਪ੍ਰਦਾਨ ਕਰਦੀਆਂ ਹਨ ? 4

(ੲ) ਲੋਕ-ਕਿੱਤੇ ਦੀ ਵਿਸ਼ੇਸ਼ਤਾ ਉਦਾਹਰਨਾਂ ਸਹਿਤ ਦੱਸੋ । 4

(ਸ) ਪੰਜਾਬ ਵਿੱਚ ਬਦਲਦੀਆਂ ਪਰਿਸਥਿਤੀਆਂ ਅਨੁਸਾਰ ਲੋਕ-ਨਾਚਾਂ ਵਿੱਚ ਆਏ ਬਦਲਾਅ ਬਾਰੇ ਜਾਣਕਾਰੀ ਦਿਓ । 4

(ਹ) ਪੰਜਾਬੀ ਨਕਲਾਂ ਤੋਂ ਕੀ ਭਾਵ ਹੈ ? 4

(ਕ) ਸਾਨੂੰ ਨਵੀਆਂ ਪਰਿਸਥਿਤੀਆਂ ਅਨੁਸਾਰ ਨਵੇਂ ਸੱਭਿਆਚਾਰਿਕ ਮਾਪ-ਦੰਡ ਸਿਰਜਣ ਦੀ ਕਿਉਂ ਲੋੜ ਹੈ ? 4

(ਖ) ਪੰਜਾਬੀ ਸੱਭਿਆਚਾਰ ਦੇ ਮੁੱਖ ਲੱਛਣ ਕੀ ਹਨ ? 4

(ਗ) ਦੇਵੀ ਮਾਤਾ ਦੇ ਮੇਲਿਆਂ ਦਾ ਕੀ ਪਿਛੋਕੜ ਹੈ ? ਦੇਵੀ ਮਾਤਾ ਨਾਲ਼ ਸੰਬੰਧਿਤ ਕਿਸੇ ਇੱਕ ਮੇਲੇ ਬਾਰੇ ਸੰਖੇਪ ਜਾਣਕਾਰੀ ਦਿਓ । 4

5×4=20

**3.** ਤੁਹਾਡੇ ਕਸਬੇ ਵਿੱਚ ਦੋ-ਪਹੀਆ ਵਾਹਨਾਂ ਦੀ ਮੰਗ ਦਿਨੋ-ਦਿਨ ਵਧ ਰਹੀ ਹੈ ਜਿਸ ਦੇ ਚੱਲਦਿਆਂ ਹੀਰੋ ਮੋਟਰਜ਼, ਦਿੱਲੀ ਤੋਂ ਏਜੰਸੀ ਲੈਣ ਲਈ ਆਪਣੀ ਯੋਗਤਾ ਤੇ ਸਮਰੱਥਾ ਦੱਸਦੇ ਹੋਏ ਪੱਤਰ ਲਿਖੋ । 2+3+1=6

ਜਾਂ

ਤੁਹਾਡੇ ਸਕੂਲ ਵਿੱਚ ਸਰਕਾਰ ਵੱਲੋਂ ਵਿਦਿਆਰਥੀਆਂ ਦੀ ਯੂਨੀਫਾਰਮ ਖ਼ਰੀਦਣ ਲਈ ਗ੍ਰਾਂਟ ਆਈ ਹੈ । ਵੇਰਵੇ ਦੱਸਦੇ ਹੋਏ ਕਿਸੇ ਫ਼ਰਮ ਤੋਂ ਕੁਟੇਸ਼ਨ ਦੀ ਮੰਗ ਕਰੋ । 2+3+1=6

**4.** ਹੇਠ ਲਿਖੇ ਪੈਰੇ ਦੀ ਸੰਖੇਪ ਰਚਨਾ ਕਰੋ ਅਤੇ ਢੁੱਕਵਾਂ ਸਿਰਲੇਖ ਵੀ ਲਿਖੋ :

ਸਰੀਰ ਮਨ ਦਾ ਘੋੜਾ ਹੈ । ਜਿਸ ਤਰ੍ਹਾਂ ਮਨ ਇਸ ਨੂੰ ਚਲਾਉਂਦਾ ਹੈ ਉਸੇ ਤਰ੍ਹਾਂ ਚੱਲਦਾ ਹੈ ਪਰ ਜੀਵਨ ਦੀ ਖੇਡ ਖੇਡਣ ਲਈ ਅਤੇ ਜ਼ਿੰਦਗੀ ਦੀ ਵਾਟ ਕੱਟਣ ਲਈ ਘੋੜੇ ਨੂੰ ਵੀ ਰਿਸ਼ਟ-ਪੁਸ਼ਟ ਰੱਖਣਾ ਜ਼ਰੂਰੀ ਹੈ । ਜੇ ਘੋੜਾ ਮਰੀਅਲ ਹੋ ਜਾਏ ਤਾਂ ਮਨ ਅਤੇ ਆਤਮਾ ਦੀ ਖੇਡ ਵੀ ਢਿੱਲੀ ਪੈ ਜਾਂਦੀ ਹੈ । ਇਸ ਸਰੀਰ-ਘੋੜੇ ਨੂੰ ਰਿਸ਼ਟ-ਪੁਸ਼ਟ ਰੱਖਣ ਲਈ ਇਸ ਦੀ ਚੰਗੀ ਦੇਖ-ਭਾਲ ਜ਼ਰੂਰੀ ਹੈ । ਸਾਡਾ ਸਰੀਰ ਅਰਬਾਂ-ਖ਼ਰਬਾਂ ਜੀਵਾਣੂਆਂ ਅਥਵਾ ਜਿਉਂਦੇ ਸੈੱਲਾਂ ਦਾ ਬਣਿਆ ਹੋਇਆ ਹੈ । ਇਹਨਾਂ ਵਿੱਚੋਂ ਲੱਖਾਂ-ਕਰੋੜਾਂ ਹਰ ਰੋਜ਼ ਮਰਦੇ ਅਤੇ ਉਹਨਾਂ ਦੀ ਥਾਂ ਲੈਣ ਲਈ ਲੱਖਾਂ-ਕਰੋੜਾਂ ਹਰ ਰੋਜ਼ ਜੰਮਦੇ ਹਨ । ਨਿਰੋਏ ਜੀਵਾਣੂ ਬਣਾਉਣ ਲਈ ਖ਼ੂਨ ਦਾ ਨਿਰੋਆ ਹੋਣਾ ਲਾਜ਼ਮੀ ਹੈ । ਖ਼ੂਨ ਬਣਦਾ ਹੈ ਖ਼ੁਰਾਕ ਤੋਂ, ਜਲ ਤੋਂ, ਵਾਯੂ ਤੋਂ । ਨਿਰਮਲ ਜਲ, ਖੁੱਲ੍ਹੀ ਸੁਛ ਹਵਾ ਅਤੇ ਸ਼ੁੱਧ ਆਹਾਰ, ਇਹ ਸਭ ਕੁਝ ਹੋਵੇ ਤਾਂ ਹੀ ਸਰੀਰ ਰਿਸ਼ਟ-ਪੁਸ਼ਟ ਬਣਿਆ ਰਹਿ ਸਕਦਾ ਹੈ । ਘੱਟ ਖਾਣਾ, ਸੰਤੁਲਿਤ ਖ਼ੁਰਾਕ ਪਾਣੀ, ਖ਼ੂਬ ਚਿੱਥ-ਚਿੱਥ ਕੇ ਖਾਣੀ, ਮੁਸ਼ੱਕਤ ਜਾਂ ਕਸਰਤ ਕਰਨੀ, ਖ਼ੁਸ਼ ਰਹਿਣਾ, ਤਾਜ਼ਾ ਆਕਸੀਜਨ ਭਰਪੂਰ ਹਵਾ ਫੱਕਣੀ ਅਤੇ ਨਿਰਮਲ ਜਲ ਪੀਣਾ-ਇਹੋ ਹੀ ਤੰਦਰੁਸਤੀ ਅਤੇ ਦੀਰਘ ਉਮਰ ਦਾ ਨੁਸਖ਼ਾ ਹੈ । 3+1=4

**5.** ਹੇਠ ਲਿਖੇ ਸ਼ਬਦਾਂ ਵਿੱਚੋਂ ਕਿਸੇ ਇੱਕ ਸ਼ਬਦ-ਸਮੂਹ ਨੂੰ ਸ਼ਬਦ-ਕੋਸ਼ ਤਰਤੀਬ ਅਨੁਸਾਰ ਲਿਖੋ :

| (i) | (ii) |
|---|---|
| ਬਸੰਤ | ਪੂਛਲ |
| ਮਚਕੋੜ | ਜ਼ਿਲ੍ਹੇਦਾਰ |
| ਭਗਵਾਨ | ਝਗੜਾਲੂ |
| ਬਖ਼ਸ਼ਿੰਦ | ਗਲਵੱਕੜੀ |
| ਭਿੱਟਣਾ | ਪੂਜਨੀਕ |
| ਚਿਰਾਗ਼ | ਜੱਦੋ-ਜਹਿਦ |

3

**6.** ਹੇਠ ਲਿਖੇ ਵਾਕਾਂ ਵਿੱਚੋਂ ਕਿਸੇ ਤਿੰਨ ਵਾਕਾਂ ਦਾ ਬ੍ਰੈਕਟ 'ਚ ਦਿੱਤੇ ਨਿਰਦੇਸ਼ ਅਨੁਸਾਰ ਵਾਕ-ਵਟਾਂਦਰਾ ਕਰੋ :

(ੳ) ਫੁੱਲ ਬਹੁਤ ਸੁੰਦਰ ਹੈ । (ਵਿਸਮੈ-ਵਾਚਕ ਵਾਕ) 1

(ਅ) ਜਦੋਂ ਮੈਂ ਸਕੂਲ ਪਹੁੰਚਿਆ ਤਾਂ ਘੰਟੀ ਵੱਜ ਗਈ । (ਸੰਜੁਗਤ ਵਾਕ) 1

(ੲ) ਆਹਾ ; ਮੇਰੀ ਨੌਕਰੀ ਲੱਗ ਗਈ ਹੈ । (ਸਧਾਰਣ ਵਾਕ) 1

(ਸ) ਜਦ ਬਿਪਤਾ ਪਏ ਤਦ ਧੀਰਜ ਰੱਖੋ । (ਸਧਾਰਣ ਵਾਕ) 1

(ਹ) ਬਜ਼ੁਰਗਾਂ ਦੀ ਸੇਵਾ ਕਰੋ ਅਤੇ ਉਹਨਾਂ ਦੀਆਂ ਅਸੀਸਾਂ ਲਓ । (ਮਿਸ਼ਰਿਤ ਵਾਕ) 1

3×1=3

7. ਹੇਠ ਲਿਖੀਆਂ ਅਖਾਉਤਾਂ ਵਿੱਚੋਂ ਕਿਸੇ ਚਾਰ ਨੂੰ ਵਾਕਾਂ ਵਿੱਚ ਵਰਤੋ ਜਾਂ ਉਹਨਾਂ ਦੀ ਵਰਤੋਂ ਦੀਆਂ ਸਥਿਤੀਆਂ ਦੱਸੋ :

(ੳ) ਕੁੱਤਾ ਭੌਂਕੇ ਬੱਦਲ ਗੱਜੇ, ਨਾ ਉਹ ਵੱਢੇ ਨਾ ਉਹ ਵੱਸੇ 2

(ਅ) ਖਿੱਦੋ ਫਰੋਲਿਆਂ ਲੀਰਾਂ ਹੀ ਨਿਕਲਨੀਆਂ ਹਨ 2

(ੲ) ਜਾਂ ਵਾਹ ਪਿਆ ਜਾਣੀਏ ਜਾਂ ਰਾਹ ਪਿਆ ਜਾਣੀਏ 2

(ਸ) ਬੇਗਾਨਾ ਮਹਿਲ ਵੇਖ ਕੇ ਆਪਣੀ ਕੁੱਲੀ ਨਹੀਂ ਢਾਹੀਦੀ 2

(ਹ) ਅੰਨ੍ਹਾ ਵੰਡੇ ਰਿਓੜੀਆਂ ਮੁੜ-ਮੁੜ ਆਪਣਿਆਂ ਨੂੰ 2

(ਕ) ਅੱਗੇ ਸੱਪ ਤੇ ਪਿੱਛੇ ਸ਼ੀਂਹ 2

(ਖ) ਹੱਥ ਨੂੰ ਹੱਥ ਧੋਂਦਾ ਹੈ 2

4×2=8

8. ਕਿਸੇ ਇੱਕ ਕਵਿਤਾ ਦਾ ਕੇਂਦਰੀ-ਭਾਵ ਲਿਖੋ :

(ੳ) ਦੋਸਤਾ (ਪਿਆਰਾ ਸਿੰਘ ਸਹਿਰਾਈ)

(ਅ) ਐਵੇਂ ਨਾ ਬੁੱਤਾਂ 'ਤੇ ਡੋਲ੍ਹੀ ਜਾਂ ਪਾਣੀ (ਸੁਰਜੀਤ ਪਾਤਰ)

(ੲ) ਟੁਕੜੀ ਜੱਗ ਤੋਂ ਨਯਾਰੀ (ਭਾਈ ਵੀਰ ਸਿੰਘ) 4

9. ਕਿਸੇ ਇੱਕ ਕਹਾਣੀ ਦਾ ਸਾਰ ਆਪਣੇ ਸ਼ਬਦਾਂ ਵਿੱਚ ਲਿਖੋ :

(ੳ) ਘਰ ਜਾਹ ਆਪਣੇ (ਗੁਲਜ਼ਾਰ ਸਿੰਘ ਸੰਧੂ)

(ਅ) ਆਪਣਾ ਦੇਸ (ਸੰਤੋਖ ਸਿੰਘ ਧੀਰ) 7